ਦਫ਼ਤਰ, ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ ਵਿਧਾਨ ਸਭਾ ਹਲਕਾ-ਕਮ-ਉਪ ਮੰਡਲ ਮੈਜਿਸਟਰੇਟ, ਬਠਿੰਡਾ।
ਕਮਰਾ ਨੰ: 316 ਦੂਜੀ ਮੰਜ਼ਲ ਮਿੰਨੀ ਸਕੱਤਰੇਤ, ਬਠਿੰਡਾ।

ਫੋਨ ਨੰ: 0164-2212525
ਜ਼ਿੰਮੇਵਾਰ ਬਣੋ,ਵੋਟਰ ਬਣੋ

Email:ero92bathindaurban@gmail.com
ਜ਼ਿੰਮੇਵਾਰ ਬਣੋ,ਵੋਟਰ ਬਣੋ

ਪੱਤਰ ਨੰ ..291....../2024 ਚੋਣਾਂ

ਮਿਤੀ:..22/04...../2024

ਵੱਲ

ਸਮੂਹ ਵਿਭਾਗਾਂ/ਦਫ਼ਤਰਾਂ ਦੇ ਮੁੱਖੀ,
ਬਠਿੰਡਾ।

ਵਿਸ਼ਾ:- ਲੋਕ ਸਭਾ ਚੋਣਾਂ-2024 ਦੇ ਮੱਦੇਨਜਰ ਬੀ.ਐਲ.ਓ ਨੂੰ ਦਫ਼ਤਰੀ ਡਿਊਟੀ ਤੋਂ ਛੋਟ ਦੇਣ ਸਬੰਧੀ।

ਉਪਰਕੋਤ ਵਿਸ਼ੇ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਲੋਕ ਸਭਾ ਚੋਣਾਂ-2024 ਨੂੰ ਮੁੱਖ ਰੱਖਦੇ ਹੋਏ ਚੋਣਾਂ ਸਬੰਧੀ ਟੀਚਿਆਂ/ਰਿਪੋਰਟਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਬੀ.ਐਲ.ਓਜ਼ ਨੂੰ ਇਸ ਅਵਧੀ ਦੌਰਾਨ ਸਮੂਹ ਟੀਚਿੰਗ/ਨਾਨ-ਟੀਚਿੰਗ ਸਟਾਫ਼, ਜਿਨ੍ਹਾਂ ਦੀ ਡਿਊਟੀ ਬਤੌਰ ਬੀ.ਐਲ.ਓ ਇਸ ਵਿਧਾਨ ਸਭਾ ਹਲਕੇ ਵਿਖੇ ਲੱਗੀ ਹੋਈ ਹੈ, ਉਨ੍ਹਾਂ ਨੂੰ ਦਿਨ ਮੰਗਲਵਾਰ ਅਤੇ ਵੀਰਵਾਰ ਨੂੰ (ਹਰੇਕ ਹਫ਼ਤੇ) ਚੋਣ ਡਿਊਟੀ ਲਈ ਦਫ਼ਤਰੀ ਡਿਊਟੀ ਤੋਂ ਅਗਲੇ ਹੁਕਮਾਂ ਤੱਕ ਫ਼ਾਰਗ ਕੀਤਾ ਜਾਵੇ।ਇਨ੍ਹਾਂ ਹਦਾਇਤਾਂ ਨੂੰ ਆਪਣੇ ਵਿਭਾਗ/ਸਕੂਲ ਦੇ ਮੁੱਖੀਆਂ ਨੂੰ ਤੁਰੰਤ ਭੇਜੀਆਂ ਜਾਣ ਤਾਂ ਜੋ ਲੋਕ ਸਭਾ ਚੋਣਾਂ-2024 ਦੇ ਕੰਮ ਨੂੰ ਨਿਰਵਿਘਨ ਮੁਕੰਮਲ ਕੀਤਾ ਜਾ ਸਕੇ।

ਜੇਕਰ ਕਿਸੇ ਸਕੂਲ ਵਿੱਚ ਇੱਕ ਜਾਂ ਇੱਕ ਤੋਂ ਵੱਧ ਅਧਿਆਪਕਾਂ ਦੀ ਡਿਊਟੀ ਬਤੌਰ ਬੀ.ਐਲ.ਓ ਲੱਗੀ ਹੈ ਅਤੇ ਉਹ ਆਪਣਾ ਰੋਸਟਰ ਬਣਾ ਲੈਣ ਤਾਂ ਜ਼ੋ ਸਕੂਲ ਨੂੰ ਖ਼ਾਲੀ ਨਾ ਛੱਡਿਆ ਜਾਵੇ ਅਤੇ ਜੇਕਰ ਕਿਸੇ ਸਕੂਲ ਵਿੱਚ ਇੱਕ ਹੀ ਅਧਿਆਪਕ ਹੈ ਤੇ ਉਹ ਬੀ.ਐਲ.ਓ ਲੱਗਿਆ ਹੋਇਆ ਹੈ ਤਾਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ) ਬਠਿੰਡਾ, ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਬਠਿੰਡਾ ਸੰਬੰਧਿਤ ਬੀ.ਪੀ.ਈ.ਓਜ਼ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਉਸ ਸਕੂਲ ਵਿੱਚ ਅਧਿਆਪਕ ਦਾ ਪ੍ਰਬੰਧ ਕਰਨ ਦੇ ਜ਼ਿੰਮੇਵਾਰ ਹੋਣਗੇ ਤਾਂ ਜੋ ਕੰਮ ਨੂੰ ਨਿਰਵਿਘਨਤਾ ਨਾਲ ਕੀਤਾ ਜਾ ਸਕੇ।

ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾਂ ਕਰਨੀ ਯਕੀਨੀ ਬਣਾਈ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ-ਕਮ-
ਉਪ ਮੰਡਲ ਮੈਜਿਸਟਰੇਟ, ਬਠਿੰਡਾ।

ਪਿੱਠ ਅੰਕਣ ਨੰ: 292-93

ਮਿਤੀ: 22/04/2024

ਇਸ ਦਾ ਇੱਕ ਉਤਾਰਾ:

1. ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਜੀ ਪਾਸ ਸੂਚਨਾ ਹਿਤ ਭੇਜਿਆ ਜਾਂਦਾ ਹੈ ਜੀ।
2. ਸਮੂਹ ਸੁਪਰਵਾਈਜ਼ਰ 092 ਬਠਿੰਡਾ ਸ਼ਹਿਰੀ ਪਾਸ ਭੇਜ ਕੇ ਲਿਖਿਆ ਜਾਂਦਾ ਹੈ ਕਿ ਸਾਰੀਆਂ ਰਿਪੋਰਟਾਂ ਅਤੇ ਫ਼ਾਰਮਾਂ ਦਾ ਨਿਪਟਾਰਾ ਸਮੇਂ ਸਿਰ ਕਰਨਾ ਯਕੀਨੀ ਬਣਾਇਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ-ਕਮ-
ਉਪ ਮੰਡਲ ਮੈਜਿਸਟਰੇਟ, ਬਠਿੰਡਾ।

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-4/1 ( )2024 15037

ਮਿਤੀ: 24/04/2024

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ ,ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।